## ਪੰਜਾਬ ਵਿਧਾਨ ਸਭਾ ਸਕੱਤਰੇਤ

**ਸੋਮਵਾਰ, ਮਿਤੀ 08 ਮਾਰਚ, 2021 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।**

### ਪਿੰਡ ਹਲਵਾਰਾ ਦਾ ਵਾਟਰ ਵਰਕਸ ਦੁਬਾਰਾ ਚਾਲੂ ਕਰਨਾ

*3218. **ਸਰਦਾਰ ਜਗਤਾਰ ਸਿੰਘ ਜੱਗਾ, ਐਮ.ਐਲ.ਏ:-** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਰਾਏਕੋਟ ਦੇ ਪਿੰਡ ਹਲਵਾਰਾ ਦਾ ਵਾਟਰ ਵਰਕਸ ਲੰਮੇ ਸਮੇ ਤੋਂ ਬੰਦ ਪਿਆ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਇਸ ਨੂੰ ਮੁੜ ਚਾਲੂ ਕਰਨ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ?

### ਪਿੰਡ ਹਰਦੋਛੰਨੀ ਡਰੇਨ ਦੇ ਉਪਰ ਪੁਲ ਦਾ ਕੰਮ ਪੂਰਾ ਕਰਨਾ

*3304. **ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਐਮ.ਐਲ.ਏ.:-** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿੰਡ ਹਰਦੋਛੰਨੀ ਡਰੇਨ ਦੇ ਉਪਰ ਜੋ ਪੁਲ ਦਾ ਕੰਮ ਅੱਧ ਵਿੱਚ ਛੱਡਿਆ ਗਿਆ ਹੈ, ਉਸ ਨੂੰ ਕੱਦੋਂ ਤੱਕ ਪੂਰਾ ਕੀਤਾ ਜਾਵੇਗਾ?

### ਪਿੰਡ ਕੈਰੋਂ ਵਿਚਲੀ ਜਮੀਨ ਦਾ ਇੰਤਕਾਲ ਕੈਂਸਲ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਕਰਨਾ

*3298. **ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ.:-** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੱਟੀ ਹਲਕੇ ਅਧੀਨ ਪੈਂਦੇ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਤਾਪ ਸਿੰਘ ਕੈਰੋਂ ਦੇ ਪਿੰਡ ਕੈਰੋਂ ਵਿਚਲੀ 35 ਏਕੜ ਪੰਜ ਕਨਾਲ ਜੁਮਲਾ ਮੁਸ਼ਤਰਕਾ ਮਾਲਕਨ ਜ਼ਮੀਨ ਦਾ ਇੰਤਕਾਲ ਇੱਕ ਡੇਰੇਦਾਰ ਬਾਬਾ ਸੁਰਜੀਤ ਸਿੰਘ ਨੇ ਆਪਣੇ ਨਾਂ ਤੇ ਕਰਵਾ ਲਿਆ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਮਾਲ ਵਿਭਾਗ ਨੇ ਇਹ ਇੰਤਕਾਲ ਕੈਂਸਲ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਦਾ ਕੋਈ ਉਪਰਾਲਾ ਕੀਤਾ ਹੈ?

### ਧੂਰੀ ਵਿੱਚ ਸਿਵਲ ਹਸਪਤਾਲ ਦੀ ਮੁਰੰਮਤ ਅਤੇ ਹੋਰ ਸਹੂਲਤਾਂ ਦੇਣਾ

*3258. **ਸ਼੍ਰੀ ਦਲਵੀਰ ਸਿੰਘ ਗੋਲਡੀ, ਐਮ.ਐਲ.ਏ:-** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਹਲਕਾ ਧੂਰੀ ਵਿੱਚ ਸਥਿਤ ਹਸਪਤਾਲ ਦੀ ਬਿਲਡਿੰਗ ਅਤੇ ਰਿਹਾਇਸ਼ੀ ਕੁਆਟਰਾਂ ਦੀ ਮੁਰੰਮਤ ਕਰਨ ਦੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਵੇਰਵੇ ਸਹਿਤ ਦੱਸਿਆ ਜਾਵੇ;

ਅ) ਕੀ ਸਿਵਲ ਹਸਪਤਾਲ ਧੂਰੀ ਵਿੱਚ ਅਲਟਰਾਸਾਊਂਡ ਮਸ਼ੀਨ, ਬੇਬੀ ਰੈਡੀਏਟ ਵਾਰਮਰ ਸਕਸ਼ਨ ਮਸ਼ੀਨ ਆਉਣ ਵਾਲੇ ਸਮੇਂ ਵਿੱਚ ਦੇਣ ਦੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਕਦੋਂ ਤੱਕ ਦੇ ਦਿੱਤੀ ਜਾਵੇਗੀ;

ੲ) ਸਿਵਲ ਹਸਪਤਾਲ ਧੂਰੀ ਵਿੱਚ ਐਮ.ਸੀ.ਐਚ. (ਜੱਚਾ-ਬੱਚਾ) ਅਤੇ ਪੰਜ ਸਪੈਸ਼ਲ ਰੂਮ ਬਣਾਉਣ ਦੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਕਦੋਂ ਤੱਕ;

ਸ) ਕੀ ਸਿਵਲ ਹਸਪਤਾਲ ਵਿੱਚ ਮੈਡੀਸਨ, ਸਰਜਰੀ, ਅੱਖਾਂ ਦੇ ਮਾਹਿਰ, ਪੈਥਾਲੋਜੀ, ਰੈਡੀਓਲੋਜੀ ਦੇ ਸਪੈਸ਼ਲਿਸਟ ਡਾਕਟਰ ਅਤੇ ਐਮਰਜੈਂਸੀ, ਕਲਰਕ, ਚੀਫ ਫਾਰਮੇਸੀ ਅਫਸਰ ਅਤੇ ਦਰਜਾ ਚਾਰ ਕਰਮਚਾਰੀਆਂ ਦੀਆਂ ਖਾਲੀ ਪਈ ਅਸਾਮੀਆਂ ਭਰਨ ਦੀ ਕੋਈ ਤਜਵੀਜ਼ ਹੈ; ਜੇਕਰ ਹੈ ਤਾਂ ਕਦੋਂ ਤੱਕ?

### ਬੇਗੋਵਾਲ-ਭੁਲੱਥ ਦੀਆਂ ਸੜ੍ਹਕਾਂ ਦੀ ਰਿਪੇਅਰ ਦੇ ਟੈਂਡਰ

*3249. **ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ.:-** ਕੀ ਲੋਕ ਨਿਰਮਾਣ(ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਬੇਗੋਵਾਲ-ਭੁਲੱਥ, ਹਮੀਰਾ-ਭੁਲੱਥ, ਨਡਾਲਾ-ਭੁਲੱਥ, ਢਿਲਵਾਂ-ਨਡਾਲਾ, ਭੁਲੱਥ-ਭੋਗਪੁਰ, ਬੇਗੋਵਾਲ-ਭੋਗਪੁਰ, ਭੁਲੱਥ-ਕਰਤਾਰਪੁਰ ਸੜਕਾਂ ਦੀ ਰਿਪੇਅਰ ਸਬੰਧੀ ਟੈਂਡਰ ਲਗਾਏ ਜਾਣ ਤੋਂ ਬਾਅਦ ਰੱਦ ਕੀਤੇ ਗਏ ਹਨ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਸੜਕਾਂ ਦੀ ਰਿਪੇਅਰ ਦੇ ਟੈਂਡਰ ਕਦੋਂ ਤੱਕ ਪਾਏ ਜਾਣਗੇ ਅਤੇ ਇਨ੍ਹਾਂ ਸੜਕਾਂ ਦੀ ਰਿਪੇਅਰ ਕੱਦ ਤੱਕ ਮੁਕੰਮਲ ਹੋ ਜਾਵੇਗੀ ਅਤੇ ਇਨ੍ਹਾਂ ਉਪਰ ਸੰਭਾਵਿਤ ਕਿੰਨਾ ਖਰਚਾ ਆਵੇਗਾ?

### ਪਾਤੜਾਂ ਵਿਖੇ ਨਵੀਂ ਅਨਾਜ ਮੰਡੀ ਬਣਾਉਣਾ

*3118. **ਸਰਦਾਰ ਨਿਰਮਲ ਸਿੰਘ, ਐਮ.ਐਲ.ਏ:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਪਾਤੜਾਂ ਵਿਖੇ ਨਵੀਂ ਅਨਾਜ ਮੰਡੀ ਬਣਾਉਣ ਦਾ ਵਿਚਾਰ ਰੱਖਦੀ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਨੂੰ ਕਦੋਂ ਤੱਕ ਬਣਾ ਦਿੱਤਾ ਜਾਵੇਗਾ?

### ਰਾਜਪੁਰਾ ਸ਼ਹਿਰ ਵਿੱਚ ਸੀਵਰੇਜ਼ ਟ੍ਰੀਟਮੈਂਟ ਪਲਾਂਟ ਲਗਾਉਣਾ

*3236. **ਸਰਦਾਰ ਹਰਦਿਆਲ ਸਿੰਘ ਕੰਬੋਜ, ਐਮ.ਐਲ.ਏ.:-** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜਪੁਰਾ ਸ਼ਹਿਰ, ਜ਼ਿਲ੍ਹਾ ਪਟਿਆਲਾ ਵਿਖੇ ਇਸ ਸਮੇਂ ਕੁੱਲ ਕਿੰਨੇ ਸੀਵਰੇਜ਼ ਟ੍ਰੀਟਮੈਂਟ ਪਲਾਂਟ ਕੰਮ ਕਰ ਰਹੇ ਹਨ;

ਅ) ਸ਼ਹਿਰ ਦੀ ਵਧਦੀ ਅਬਾਦੀ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਕੀ ਸਰਕਾਰ ਕੋਈ ਹੋਰ ਸੀਵਰੇਜ਼ ਟ੍ਰੀਟਮੈਂਟ ਪਲਾਂਟ ਲਗਾਉਣ ਦਾ ਵਿਚਾਰ ਰੱਖਦੀ ਹੈ; ਜੇਕਰ ਰੱਖਦੀ ਹੈ ਤਾਂ ਰਾਜਪੁਰਾ ਸ਼ਹਿਰ ਵਿਖੇ ਕਦੋਂ ਤੱਕ ਹੋਰ ਸੀਵਰੇਜ਼ ਟ੍ਰੀਟਮੈਂਟ ਪਲਾਂਟ ਲਗਾ ਦਿੱਤਾ ਜਾਵੇਗਾ?

### ਸੁਲਤਾਨਪੁਰ ਲੋਧੀ ਵਿਖੇ ਨਵਾਂ ਨਰਸਿੰਗ ਕਾਲਜ ਖੋਲ੍ਹਣਾ

*3296. **ਸਰਦਾਰ ਨਵਤੇਜ ਸਿੰਘ ਚੀਮਾ, ਐਮ.ਐਲ.ਏ.:-** ਕੀ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਸੁਲਤਾਨਪੁਰ ਲੋਧੀ (ਕਪੂਰਥਲਾ) ਵਿਖੇ ਨਵਾਂ ਨਰਸਿੰਗ ਕਾਲਜ ਖੋਲ੍ਹਣ ਤੇ ਵਿਚਾਰ ਕਰੇਗੀ ਜਿੱਥੇ ਕਿ ਇਸ ਲਈ ਜ਼ਮੀਨ ਉਪਲਬਧ ਹੈ; ਜੇਕਰ ਹਾਂ ਤਾਂ ਇਸ ਦੇ ਵੇਰਵੇ ਕੀ ਹਨ?

### ਬਨੂੜ ਸ਼ਹਿਰ ਵਿਖੇ ਸਰਕਾਰੀ ਕਾਲਜ ਖੋਲ੍ਹਣਾ

*3241. **ਸਰਦਾਰ ਹਰਦਿਆਲ ਸਿੰਘ ਕੰਬੋਜ, ਐਮ.ਐਲ.ਏ.:-** ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਰਕਾਰ ਬਨੂੜ ਸ਼ਹਿਰ ਜਾਂ ਇਸ ਦੇ ਨੇੜੇ ਦੇ ਬਹੁਤ ਸਾਰੇ ਪੇਂਡੂ ਖੇਤਰਾਂ ਦੇ ਬੱਚਿਆਂ ਨੂੰ ਉਚ ਪੜ੍ਹਾਈ ਕਰਨ ਲਈ ਆਉਂਦੀ ਪ੍ਰੇਸ਼ਾਨੀ ਦੇ ਮੱਦੇਨਜ਼ਰ ਬਨੂੜ ਸ਼ਹਿਰ ਵਿਖੇ ਕੋਈ ਸਰਕਾਰੀ ਕਾਲਜ ਖੋਲ੍ਹਣ ਦੀ ਤਜਵੀਜ਼ ਉਤੇ ਵਿਚਾਰ ਕਰੇਗੀ;

ਅ) ਜੇਕਰ ਭਾਗ (ੳ) ਦਾ ਉਤਰ ਹਾਂ ਵਿੱਚ ਹੋਵੇ ਤਾਂ ਬਨੂੜ ਸ਼ਹਿਰ ਵਿਖੇ ਕਦੋਂ ਤੱਕ ਸਰਕਾਰੀ ਕਾਲਜ ਖੋਲ੍ਹਣ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਜਾਵੇਗੀ?

ਪਰਤੋ ਜੀ.....

**ਪੀ.ਆਈ.ਡੀ.ਬੀ. ਨੂੰ ਨੋਡਲ ਏਜੰਸੀ ਨਿਯੁਕਤ ਕਰਨਾ**

*3292. **ਸ਼੍ਰੀ ਅਮਿਤ ਵਿਜ, ਐਮ.ਐਲ.ਏ.**:-ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪੀ.ਆਈ.ਡੀ.ਬੀ. ਨੂੰ ਕਦੋਂ ਨੋਡਲ ਏਜੰਸੀ ਨਿਯੁਕਤ ਕੀਤਾ ਜਾਵੇਗਾ ਤਾਂ ਜੋ ਉਹ ਤੁਰੰਤ ਸਲਾਹਕਾਰ ਨਿਯੁਕਤ ਕਰ ਸਕਣ ਅਤੇ ਪਠਾਨਕੋਟ ਵਪਾਰਕ ਕੇਂਦਰ ਦੇ ਵਿਕਾਸ ਲਈ ਆਰ.ਐਫ.ਪੀ. ਬਣਾ ਸਕਣ?

**ਬਰਨਾਲਾ ਦੇ ਸਰਕਾਰੀ ਹਸਪਤਾਲ ਦੀਆਂ ਖਾਲੀ ਅਸਾਮੀਆਂ**

*3272. **ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ, ਐਮ.ਐਲ.ਏ**:-ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਬਰਨਾਲਾ ਦੇ ਸਰਕਾਰੀ ਹਸਪਤਾਲ ਵਿੱਚ ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਇਹ ਖਾਲੀ ਪਈਆਂ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ?

**ਹਾਈਵੇ ਤੇ ਪਿੰਡਾਂ ਅਤੇ ਸਕੂਲਾਂ ਦੇ ਨਜ਼ਦੀਕ ਓਵਰ ਬ੍ਰਿਜ਼ ਜਾਂ ਕੱਟ ਬਣਾਉਣਾ**

*3261. **ਸ਼੍ਰੀ ਅੰਗਦ ਸਿੰਘ, ਐਮ.ਐਲ.ਏ**:-ਕੀ ਲੋਕ ਨਿਰਮਾਣ(ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜੋ ਫੋਰ ਲੇਨ ਹਾਈਵੇ ਖਰੜ ਤੋਂ ਫਗਵਾੜਾ ਤੱਕ ਬਣਿਆ ਹੈ ਉਸ ਉਤੇ ਪਿੰਡਾਂ ਅਤੇ ਕਈ ਸਕੂਲਾਂ ਨੂੰ ਜਾਣ ਵਾਲੇ ਰਸਤੇ ਵਿੱਚ ਕੱਟ ਬਹੁਤ ਦੂਰ ਦੂਰ ਦਿੱਤਾ ਹੋਇਆ ਹੈ ਜਿਸ ਕਾਰਨ ਸਕੂਲੀ ਬੱਚਿਆਂ ਨੂੰ ਦੂਰੋਂ ਦੂਰ ਜਾਂ ਦੋ ਦੋ ਕਿਲੋਮੀਟਰ ਘੁੰਮ ਕੇ ਆਉਣਾ ਪੈਂਦਾ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਹਰ ਪਿੰਡ ਅਤੇ ਸਕੂਲ ਦੇ ਅੱਗੇ ਕੋਈ ਓਵਰ ਬਰਿੱਜ ਜਾਂ ਕੱਟ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ?

**ਚੁੰਨੀ ਕਲਾਂ ਅਤੇ ਚੁੰਨੀ ਖੁਰਦ ਪਿੰਡਾਂ ਨੂੰ ਨਗਰ ਪੰਚਾਇਤ ਦਾ ਦਰਜ਼ਾ ਦੇਣਾ**

*3286. **ਸਰਦਾਰ ਗੁਰਪ੍ਰੀਤ ਸਿੰਘ ਜੀ.ਪੀ. ਐਮ.ਐਲ.ਏ**:-ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਚੁੰਨੀ ਕਲਾਂ ਅਤੇ ਚੁੰਨੀ ਖੁਰਦ ਪਿੰਡਾਂ ਨੂੰ ਜਿਨ੍ਹਾਂ ਦੀ ਅਬਾਦੀ ਸੰਘਣੀ ਹੈ ਅਤੇ ਲਾਡਰਾਂ ਸਰਹਿੰਦ ਰੋਡ ਉਤੇ ਵਪਾਰਕ ਸਥਾਨ ਹਨ, ਨੂੰ ਨਗਰ ਪੰਚਾਇਤ ਦਾ ਦਰਜ਼ਾ ਦੇਣ ਤੇ ਵਿਚਾਰ ਕਰੇਗੀ; ਜੇਕਰ ਹਾਂ ਤਾਂ ਇਸ ਦੇ ਵੇਰਵੇ ਕੀ ਹਨ?

**ਗੁਰਦਾਸਪੁਰ ਵਿਖੇ ਮੈਡੀਕਲ ਕਾਲਜ ਖੋਲ੍ਹਣਾ**

*3301. **ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਐਮ.ਐਲ.ਏ.**:-ਕੀ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਗੁਰਦਾਸਪੁਰ ਵਿਖੇ ਮੈਡੀਕਲ ਕਾਲਜ ਦਾ ਹੁਣ ਤੱਕ ਕੀ ਸਟੇਟਸ ਹੈ ਅਤੇ ਇਹ ਕੱਦੋਂ ਤੱਕ ਸ਼ੁਰੂ ਕੀਤਾ ਜਾਵੇਗਾ?

**ਰੂਪਨਗਰ ਦੇ ਅਵਾਰਾ ਪਸ਼ੂਆਂ ਦੀ ਸਾਂਭ ਸੰਭਾਲ**

*3089. **ਸਰਦਾਰ ਅਮਰਜੀਤ ਸਿੰਘ ਸੰਦੋਆ, ਐਮ.ਐਲ.ਏ**:-ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਰੂਪਨਗਰ ਵਿੱਚ ਅਵਾਰਾ ਪਸ਼ੂਆਂ ਦੀ ਸੰਭਾਲ ਲਈ ਕੀ ਕਦਮ ਉਠਾਏ ਜਾ ਰਹੇ ਹਨ, ਵੇਰਵੇ ਦਿੱਤੇ ਜਾਣ?

**ਜਿਲ੍ਹਾ ਮੋਗਾ ਦੇ ਕਸਬਾ ਬਾਘਾਪੁਰਾਣਾ ਵਿਖੇ ਨਵਾਂ ਨਰਸਿੰਗ ਕਾਲਜ ਖੋਲ੍ਹਣਾ**

*3254. **ਸਰਦਾਰ ਦਰਸ਼ਨ ਸਿੰਘ ਬਰਾੜ, ਐਮ.ਐਲ.ਏ.**:-ਕੀ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਜ਼ਿਲ੍ਹਾ ਮੋਗਾ ਦੇ ਕਸਬਾ ਬਾਘਾਪੁਰਾਣਾ ਵਿਖੇ ਕੋਈ ਨਵਾਂ ਨਰਸਿੰਗ ਕਾਲਜ ਖੋਲ੍ਹਣ ਬਾਰੇ ਵਿਚਾਰ ਕਰੇਗੀ, ਜਿਸ ਲਈ ਇਮਾਰਤ ਅਤੇ ਜ਼ਮੀਨ ਉਪਲੱਬਧ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਵੇਰਵੇ ਕੀ ਹਨ?

**ਪਿੰਡ ਕੋਕਰੀ ਹੇਰਾਂ ਦੀ ਡਿਸਪੈਂਸਰੀ ਦੀ ਬਿਲਡਿੰਗ ਦੀ ਮੁਰੰਮਤ ਕਰਵਾਉਣਾ**

*3056. **ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਐਮ.ਐਲ.ਏ.** :- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜ਼ਿਲ੍ਹਾ ਮੋਗਾ ਦੇ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਕੋਕਰੀ ਹੇਰਾਂ ਦੀ ਡਿਸਪੈਂਸਰੀ ਦੀ ਬਿਲਡਿੰਗ ਅਤੇ ਚਾਰ ਦੀਵਾਰੀ ਦੀਆਂ ਕੰਧਾਂ ਡਿੱਗ ਚੁੱਕੀਆਂ ਹਨ; ਜੇਕਰ ਅਜਿਹਾ ਹੋਵੇ ਤਾਂ ਉਨ੍ਹਾਂ ਦੀ ਮੁਰੰਮਤ ਕਦੋਂ ਤੱਕ ਕਰਵਾ ਦਿੱਤੀ ਜਾਵੇਗੀ?

**ਸਕੂਲਾਂ ਲਈ ਬਜਟ ਦਾ ਉਪਬੰਧ ਕਰਨਾ**

*3283. **ਸ਼੍ਰੀ ਅਮਿਤ ਵਿਜ, ਐਮ.ਐਲ.ਏ**:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਠਾਨਕੋਟ ਦੇ ਦੋ ਮੁੱਖ ਸਕੂਲ ਐਸ.ਐਮ.ਐਸ. ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਮਿਨੀ ਲਈ ਲੱਗਭਗ 4 ਕਰੋੜ ਦੇ ਬਜ਼ਟ (2 ਕਰੋੜ ਪ੍ਰਤੀ ਸਕੂਲ) ਦਾ ਉਪਬੰਧ ਕਦੋਂ ਤੱਕ ਕਰ ਦਿੱਤਾ ਜਾਵੇਗਾ ਕਿਉਂਕਿ ਇਸ ਬਜ਼ਟ ਨਾਲ ਇਨ੍ਹਾਂ ਸਕੂਲਾਂ ਦੀ ਮੁਰੰਮਤ ਅਤੇ ਸਾਂਭ-ਸੰਭਾਲ, ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਇੰਟਰਐਕਟਿਵ ਵਰਚੂਅਲ ਕਲਾਸ ਪ੍ਰੋਜੈਕਟ ਦੀ ਸਥਾਪਨਾ ਕੀਤੀ ਜਾਵੇਗੀ?

**ਤਹਿਸੀਲ ਤਪਾ ਵਿਖੇ ਫਾਇਰ ਬ੍ਰਿਗੇਡ ਦੀ ਸੁਵਿਧਾ**

*3266. **ਸਰਦਾਰ ਪਿਰਮਲ ਸਿੰਘ ਧੌਲਾ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬਰਨਾਲਾ ਜ਼ਿਲ੍ਹਾ ਦੀ ਤਹਿਸੀਲ ਤਪਾ ਵਿੱਚ ਫਾਇਰ ਬ੍ਰਿਗੇਡ ਦੀ ਸੁਵਿਧਾ ਉਪਲਬਧ ਨਹੀਂ ਹੈ; ਜੇਕਰ ਅਜਿਹਾ ਹੈ ਤਾਂ ਤਹਿਸੀਲ ਤਪਾ ਵਿਖੇ ਫਾਇਰ ਬ੍ਰਿਗੇਡ ਕਦੋਂ ਤੱਕ ਉਪਲਬਧ ਕਰਵਾ ਦਿੱਤੀ ਜਾਵੇਗੀ?

**ਯੂਨੀਵਰਸਿਟੀ ਕਾਲਜ਼ ਬੇਨੜਾ ਨੂੰ ਬਜਟ ਵਿੱਚ ਲਿਆਉਣਾ**

*3257. **ਸ਼੍ਰੀ ਦਲਵੀਰ ਸਿੰਘ ਗੋਲਡੀ, ਐਮ.ਐਲ.ਏ**:-ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਧੂਰੀ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਕਾਂਸਟੀਚੁਐਂਟ ਕਾਲਜ਼ ਯੂਨੀਵਰਸਿਟੀ ਬੇਨੜਾ ਜੋ ਕਿ ਸਾਲ 2016 ਤੋਂ ਸਫਲਤਾ ਪੂਰਵਕ ਚੱਲ ਰਿਹਾ ਹੈ ਅਤੇ ਇਸ ਵਕਤ ਅੰਦਾਜਨ 1700 ਵਿਦਿਆਰਥੀ ਉਥੇ ਉਚ ਸਿੱਖਿਆ ਪ੍ਰਾਪਤ ਕਰ ਰਹੇ ਹਨ; ਜੇਕਰ ਅਜਿਹਾ ਹੋਵੇ ਤਾਂ ਕੀ ਆਉਣ ਵਾਲੇ ਸਮੇਂ ਵਿੱਚ ਯੂਨੀਵਰਸਿਟੀ ਕਾਲਜ਼ ਬੇਨੜਾ ਨੂੰ ਬਜਟ ਵਿੱਚ ਲਿਆਉਣ ਦੀ ਕੋਈ ਤਜਵੀਜ਼ ਹੈ?

ਚੰਡੀਗੜ੍ਹ
ਮਿਤੀ 05 ਮਾਰਚ, 2021

ਸਹਾਇਕ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ,**
**ਪੰਜਾਬ ਵਿਧਾਨ ਸਭਾ।**